ਲੋਕ ਸੰਪਰਕ ਵਿਭਾਗ
ਪੰਜਾਬੀ ਯੂਨੀਵਰਸਿਟੀ, ਪਟਿਆਲਾ

ਪ੍ਰੈਸ ਰਿਲੀਜ਼

**ਪਟਿਆਲਾ, 9** ਮਾਰਚ੍ ਪੰਜਾਬੀ ਯੂਨੀਵਰਸਿਟੀ ਦੇ ਗੁਰਮਤਿ ਸੰਗੀਤ ਵਿਭਾਗ ਅਤੇ ਗੁਰਮਤਿ ਸੰਗੀਤ ਚੇਅਰ ਵਲੋਂ ਹਰ ਸਾਲ ਕਰਵਾਏ ਜਾਂਦੇ ਗੁਰਮਤਿ ਸੰਗੀਤ ਉਤਸਵ ਦਾ ਪੂਰਾ ਖਰਚਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਠਾਇਆ ਕਰੇਗੀ। ਇਸ ਦਾ ਐਲਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ ਨੇ ਯੂਨੀਵਰਸਿਟੀ ਦੇ ਬੇਬੇ ਨਾਨਕੀ ਸੰਗੀਤ ਪਾਰਕ ਵਿਖੇ ਕਰਵਾਏ ਗਏ 6ਵੇਂ ਗੁਰਮਤਿ ਸੰਗੀਤ ਉਤਸਵ ਮੌਕੇ ਸੰਬੋਧਨ ਕਰਦਿਆਂ ਕੀਤਾ।

ਜਥੇਦਾਰ ਅਵਤਾਰ ਸਿੰਘ ਮੱਕੜ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਵਲੋਂ ਨੌਜਵਾਨ ਪੀੜੀ ਨੂੰ ਗੁਰਮਤਿ ਸੰਗੀਤ ਨਾਲ ਜੋੜਨ ਲਈ ਜੱਥਿਆਂ ਦੀ ਗੁਰਮਤਿ ਸੰਗੀਤ ਪ੍ਰਤੀਯੋਗਤਾ ਕਰਵਾਈ ਜਾਵੇਗੀ, ਜਿਸ ਤੇ ਇੱਕ ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਨਿੱਜੀ ਟੈਲੀਵਿਜ਼ਨ ਚੈਨਲ ਉਪਰ 26 ਕਿਸ਼ਤਾਂ ਵਿੱਚ ਪ੍ਰਸਾਰਿਤ ਕੀਤੀ ਜਾਣ ਵਾਲੀ ਇਸ ਪ੍ਰਤੀਯੋਗਤਾ ਲਈ ਪੰਜਾਬੀ ਯੂਨੀਵਰਸਿਟੀ ਦੇ ਗੁਰਮਤਿ ਸੰਗੀਤ ਵਿਭਾਗ ਦੇ ਮੁਖੀ ਡਾ. ਗੁਰਨਾਮ ਸਿੰਘ ਨੂੰ ਡਾਇਰੈਕਟਰ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਗੁਰੂ ਗਿਆਨ ਪ੍ਰਕਾਸ਼ ਫਾਊਂਡੇਸ਼ਨ, ਨਵੀਂ ਦਿੱਲੀ ਦੀ ਚੇਅਰਪਰਸਨ ਡਾ. ਜਸਬੀਰ ਕੌਰ ਖਾਲਸਾ ਨੂੰ ਚੇਅਰਮੈਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਤੰਤੀ ਸਾਜ਼ਾਂ ਤੇ ਅਧਾਰਤ ਕੀਰਤਨ ਕਰਨ ਵਾਲੇ ਰਾਗੀਆਂ ਦੀ 100 ਫੀਸਦੀ ਪਲੇਸਮੈਂਟ ਕੀਤੀ ਜਾਵੇਗੀ। ਜਥੇਦਾਰ ਅਵਤਾਰ ਸਿੰਘ ਮੱਕੜ ਨੇ ਨਾਲ ਹੀ ਐਲਾਨ ਕੀਤਾ ਕਿ ਪੰਜਾਬ ਦੀ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸ਼੍ਰੋਮਣੀ ਕਮੇਟੀ 1 ਅਪ੍ਰੈਲ ਤੋਂ ਨਸ਼ਾ ਛਡਾਉਣ ਲਈ ਮੁਹਿੰਮ ਸ਼ੁਰੂ ਕਰਨ ਜਾ ਰਹੀ ਹੈ, ਜਿਸ ਲਈ ਇੱਕ ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਇਸ ਤੋਂ ਪਹਿਲਾਂ ਸੰਬੋਧਨ ਕਰਦਿਆਂ ਯੂਨੀਵਰਸਿਟੀ ਦੇ ਉਪ੍ਕੁਲਪਤੀ ਡਾ. ਜਸਪਾਲ ਸਿੰਘ ਨੇ ਕਿਹਾ ਕਿ ਭਾਵੇਂ ਲੋਕੀਂ ਕੰਨ ਰਸ ਵਿਚ ਪੈ ਕੇ ਗੁਰਮਤਿ ਸੰਗੀਤ ਤੋਂ ਦੂਰ ਹੋ ਗਏ ਹਨ, ਪਰ ਪੰਜਾਬੀ ਯੂਨੀਵਰਸਿਟੀ ਵਲੋਂ ਗੁਰਮਤਿ ਸੰਗੀਤ ਦੀ ਪੁਰਾਤਨ ਸ਼ੈਲੀ ਨੂੰ ਸੁਰਜੀਤ ਕਰਨ ਲਈ ਲਗਾਤਾਰ ਗੰਭੀਰ ਯਤਨ ਕੀਤੇ ਜਾ ਰਹੇ ਹਨ ਤੇ ਨੌਜਵਾਨ ਪੀੜੀ ਨੂੰ ਗੁਰਮਤਿ ਸੰਗੀਤ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬੇਬੇ ਨਾਨਕੀ ਸੰਗੀਤ ਪਾਰਕ ਵਿੱਚ ਕਰਵਾਏ ਗਏ ਛੇਵੇਂ ਗੁਰਮਤਿ ਸੰਗੀਤ ਉਤਸਵ ਦੀ ਵਿਲੱਖਣਤਾ ਇਹ ਰਹੀ ਕਿ ਇਸ ਵਾਰ ਮੁਖ ਤੌਰ ਤੇ ਰਾਗੀ ਸਿੰਘਾਂ ਵਲੋਂ ਵੱਖ੍ਵੱਖ ਰਾਗਾਂ ਵਿੱਚ ਭਗਤ ਰਵੀਦਾਸ ਜੀ ਦੀ ਬਾਣੀ ਦਾ ਹੀ ਕੀਰਤਨ ਕੀਤਾ ਗਿਆ ਹੈ। ਡਾ. ਜਸਪਾਲ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਮਤਿ ਸੰਗੀਤ

ਉਤਸਵ ਲਈ ਹਰ ਸਾਲ ਖਰਚ ਉਠਾਉਣ ਲਈ ਜਥੇਦਾਰ ਅਵਤਾਰ ਸਿੰਘ ਮੱਕੜ ਅਤੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ।



ਯੂਨੀਵਰਸਿਟੀ ਦੇ ਗੁਰਮਤਿ ਸੰਗੀਤ ਵਿਭਾਗ ਦੇ ਮੁਖੀ ਡਾ. ਗੁਰਨਾਮ ਸਿੰਘ ਨੇ ਦੱਸਿਆ ਕਿ ਗੁਰਮਤਿ ਸੰਗੀਤ ਉਤਸਵ ਵਿੱਚ ਭਾਈ ਨਿਰਮਲ ਸਿੰਘ, ਭਾਈ ਬਲਬੀਰ ਸਿੰਘ, ਭਾਈ ਰਵਿੰਦਰ ਸਿੰਘ, ਸ੍ਰ. ਸੁਰਿੰਦਰ ਸਿੰਘ "ਸਿੰਘ ਬੰਧੂ", ਪ੍ਰੋ. ਕਰਤਾਰ ਸਿੰਘ, ਡਾ. ਜਾਗੀਰ ਸਿੰਘ, ਭਾਈ ਅਮਰੀਕ ਸਿੰਘ ਜ਼ਖਮੀ, ਭਾਈ ਗੁਰਮੀਤ ਸਿੰਘ ਸ਼ਾਂਤ, ਬੀਬੀ ਜਸਵਿੰਦਰ ਕੌਰ, ਭਾਈ ਕੰਵਰਪਾਲ ਸਿੰਘ ਤੋਂ ਇਲਾਵਾ ਵਿਸ਼ਵ ਪ੍ਰਸਿੱਧ ਕੀਰਤਨੀਆਂ ਵਲੋਂ ਗਾਇਨ ਪੇਸ਼ਕਾਰੀਆਂ ਕੀਤੀਆਂ ਗਈਆਂ। ਡਾ. ਗੁਰਨਾਮ ਸਿੰਘ ਨੇ ਦੱਸਿਆ ਕਿ ਇਨ੍ਹਾਂ ਕੀਰਤਨੀਆਂ ਨੇ ਰਬਾਬ, ਸਾਰੰਦਾ, ਤਾਊਸ, ਦਿਲਰੁਬਾ ਵਰਗੇ ਤੰਤੀ ਸਾਜਾਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਰਾਗਾਂ ਵਿੱਚ ਬਾਣੀ ਦਾ ਵਿਸਮਾਦੀ ਕੀਰਤਨ ਕੀਤਾ।



ਇਸ ਉਤਸਵ ਮੌਕੇ ਵੱਖ੍ਵੱਖ ਟੀ.ਵੀ. ਚੈਨਲਾਂ ਦੇ ਸੰਗੀਤ ਪ੍ਰੋਗਰਾਮਾਂ ਦੇ ਜੇਤੂ ਸ਼੍ਰੀ ਦਿਵਾਕਰ ਸ਼ਰਮਾ, ਸ੍ਰ. ਰੋਹਨਪ੍ਰੀਤ ਸਿੰਘ ਅਤੇ ਸ਼੍ਰੀ ਸੁਮੰਗਲ ਅਰੋੜਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਤਰਲੋਚਨ ਸਿੰਘ, ਗੁਰੂ ਗੋਬਿੰਦ ਸਿੰਘ ਗੁਰੂ ਗਿਆਨ ਪ੍ਰਕਾਸ਼ ਫਾਊਂਡੇਸ਼ਨ, ਨਵੀਂ ਦਿੱਲੀ ਦੀ ਚੇਅਰਪਰਸਨ ਬੀਬੀ ਜਸਬੀਰ ਕੌਰ ਖਾਲਸਾ, ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ

ਸਿੰਘ ਵੇਦਾਂਤੀ, ਪ੍ਰਸਿੱਧ ਸਿੱਖ ਵਿਦਵਾਨ ਭਾਈ ਅਸ਼ੋਕ ਸਿੰਘ ਬਾਗੜੀਆਂ, ਡਾ. ਬਲਕਾਰ ਸਿੰਘ ਤੋਂ ਇਲਾਵਾ ਪੰਥ ਰਤਨ ਸਵਰਗੀ ਗਿਆਨੀ ਸੰਤ ਸਿੰਘ ਮਸਕੀਨ ਦਾ ਪੂਰਾ ਪਰਿਵਾਰ ਵੀ ਸ਼ਾਮਿਲ ਹੋਇਆ।

ਡਾਇਰੈਕਟਰ ਲੋਕ ਸੰਪਰਕ
ਪੰਜਾਬੀ ਯੂਨੀਵਰਸਿਟੀ